# ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ

**ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਈ-ਬਲਾਕ, ਚੌਥੀ ਮੰਜ਼ਿਲ, ਫੇਜ਼-8, ਸ.ਅ.ਸ. ਨਗਰ**

**(ਕੋਆਰਡੀਨੇਸ਼ਨ ਸੈੱਲ)**

ਵੱਲ,

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ),
ਪੰਜਾਬ ਰਾਜ ਵਿੱਚ।

ਮੀਮੋ ਨੰ. 15/24-20(ਕੋ)/2023137955
ਮਿਤੀ: 17-05-2023

ਵਿਸ਼ਾ:- **ਬਦਲੀ ਹੋਣ ਉਪਰੰਤ ਅਧਿਕਾਰੀਆਂ/ ਕਰਮਚਾਰੀਆਂ ਵੱਲੋਂ ਨਵੇਂ ਤਾਇਨਾਤੀ ਸਥਾਨ ਤੇ ਹਾਜ਼ਰ ਹੋਣ ਸਮੇਂ ਸਾਥੀ ਅਧਿਕਾਰੀਆਂ/ ਕਰਮਚਾਰੀਆਂ ਨੂੰ ਨਾਲ ਲੈ ਕੇ ਜਾਣ ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਜਦੋਂ ਅਧਿਕਾਰੀਆਂ/ ਕਰਮਚਾਰੀਆਂ ਦੀ ਬਦਲੀ ਇੱਕ ਥਾਂ ਤੋਂ ਦੂਜੀ ਥਾਂ ਤੇ ਹੁੰਦੀ ਹੈ ਤਾਂ ਬਹੁਤ ਸਾਰੇ ਅਧਿਕਾਰੀ/ ਕਰਮਚਾਰੀ ਨਵੇਂ ਤਾਇਨਾਤੀ ਸਥਾਨ ਤੇ ਹਾਜ਼ਰ ਹੋਣ ਸਮੇਂ ਸਾਥੀ ਅਧਿਕਾਰੀਆਂ/ ਕਰਮਚਾਰੀਆਂ ਨੂੰ ਆਪਣੇ ਨਾਲ ਲੈ ਕੇ ਜਾਂਦੇ ਹਨ ਅਤੇ ਸਾਥੀ ਅਧਿਕਾਰੀ/ ਕਰਮਚਾਰੀ ਨਾਲ ਜਾ ਕੇ ਉਸ ਅਧਿਕਾਰੀ/ ਕਰਮਚਾਰੀ ਨੂੰ ਨਵੇਂ ਤਾਇਨਾਤੀ ਸਥਾਨ ਤੇ ਹਾਜ਼ਰ ਕਰਵਾ ਕੇ ਆਉਂਦੇ ਹਨ। ਅਜਿਹਾ ਹੋਣ ਨਾਲ ਜਿੱਥੇ ਸਕੂਲਾਂ ਵਿੱਚ ਵਿੱਦਿਅਕ ਮਾਹੌਲ ਖਰਾਬ ਹੁੰਦਾ ਹੈ, ਉੱਥੇ ਹੀ ਵਿਦਿਆਰਥੀਆਂ ਦੀ ਪੜ੍ਹਾਈ ਦਾ ਵੀ ਹਰਜਾ ਹੁੰਦਾ ਹੈ। ਇਸ ਲਈ ਇਸ ਗਲਤ ਪ੍ਰਥਾ ਨੂੰ ਬੰਦ ਕੀਤੇ ਜਾਣ ਦੀ ਲੋੜ ਹੈ।

2.0 ਉਪਰੋਕਤ ਦੇ ਸਨਮੁੱਖ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਜਿਲ੍ਹੇ ਵਿੱਚ ਤਾਇਨਾਤ ਸਮੂਹ ਅਧਿਕਾਰੀਆਂ/ ਕਰਮਚਾਰੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਬਦਲੀ ਹੋਣ ਉਪਰੰਤ ਨਵੇਂ ਤਾਇਨਾਤੀ ਸਥਾਨ ਤੇ ਹਾਜ਼ਰ ਹੋਣ ਸਮੇਂ ਕੇਵਲ ਸਬੰਧਤ ਅਧਿਕਾਰੀ/ ਕਰਮਚਾਰੀ ਹੀ ਆਪਣੀ ਹਾਜ਼ਰੀ ਪੇਸ਼ ਕਰੇ ਅਤੇ ਆਪਣੇ ਨਾਲ ਸਾਥੀ ਅਧਿਕਾਰੀਆਂ/ ਕਰਮਚਾਰੀਆਂ ਜਾਂ ਪ੍ਰਾਈਵੇਟ ਵਿਅਕਤੀਆਂ ਨੂੰ ਨਾ ਲੈ ਕੇ ਜਾਇਆ ਜਾਵੇ।

ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

17.05.23

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

ਪਿੱਠ ਅੰਕਣ ਨੰ. ਉਕਤ/2023137956-961 ਮਿਤੀ, ਸਅਸ ਨਗਰ: 17-05-2023

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਨਿੱਜੀ ਸਕੱਤਰ/ ਮਾਨਯੋਗ ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ ਪ੍ਰਮੁੱਖ ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਪੀ.ਏ./ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
4. ਪੀ.ਏ./ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ।
5. ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ।
6. ਡਾਇਰੈਕਟਰ, ਐੱਸ.ਸੀ.ਈ.ਆਰ.ਟੀ. ਪੰਜਾਬ।

17.05.23

ਸਹਾਇਕ ਡਾਇਰੈਕਟਰ (ਕੋਆਰਡੀਨੇਸ਼ਨ)

Scanned with OKEN Scanner